28-OCT-SNG-Pages.qxd 10/28/2025 10:22 PM Page 3



# ਜ਼ਿਲ੍ਹਾ ਸੰਗਰੂਰ ਅਤੇ ਮਾਨਸਾ ਦੇ ਸਰਪੰਚਾਂ ਨੇ ਕੀਤੀ ਮੀਟਿੰਗ

## ਸਰਪੰਚਾਂ ਦੇ ਮਾਣ ਸਨਮਾਨ ਅਤੇ ਹੱਕਾਂ ਦੀ ਰਾਖੀ ਕੀਤੀ ਜਾਵੇਗੀ - ਮਨਿੰਦਰ ਸਿੰਘ ਲਖਮੀਰਵਾਲਾ

ਸੁਨਾਮ ਊਧਮ ਸਿੰਘ ਵਾਲਾ, 28 ਅਕਤੂਬਰ (ਧਾਲੀਵਾਲ, ਭੁੱਲਰ) - ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਅਤੇ ਮਾਨਸਾ ਦੇ ਬਲਾਕ ਪ੍ਰਧਾਨਾਂ ਦੀ ਇੱਥੇ ਹੋਈ ਅਹਿਮ ਮੀਟਿੰਗ ਦੌਰਾਨ ਵੱਖ-ਵੱਖ ਪ੍ਰਸ਼ਾਸਕੀ, ਸਮਾਜਿਕ ਅਤੇ ਸੰਗਠਨ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਖ਼ਾਸ ਤੌਰ 'ਤੇ ਗਾਇਕ ਗੁਲਾਬ ਸਿੱਧੂ ਦੇ ਗੀਤ ਦੇ ਵਿਰੋਧ ਵਿਚ ਸਰਪੰਚਾਂ ਨੇ ਤਿੱਖੀ ਪ੍ਰਤੀਕਿਰਿਆ ਕਰਦਿਆਂ ਇਕਸੁਰਤਾ ਨਾਲ ਨਿੰਦਾ ਕੀਤੀ ਗਈ। ਸਰਪੰਚਾਂ ਨੇ ਕਿਹਾ ਕਿ ਇਹ ਗੀਤ ਪਿੰਡਾਂ ਦੇ ਚੁਣੇ ਹੋਏ ਮੁਹਤਬਰ ਨੁਮਾਇੰਦਿਆਂ ਦੇ ਮਾਣ-ਸਨਮਾਨ ਨਾਲ ਖਿਲਵਾੜ ਹੈ, ਜੋ ਪੂਰੇ ਪਿੰਡ ਪਰਿਵਾਰ ਦੇ ਅਪਮਾਨ ਦੇ ਬਰਾਬਰ ਹੈ। ਜ਼ਿਲ੍ਹਾ ਪ੍ਰਧਾਨ ਸੰਗਰੂਰ ਸਰਪੰਚ ਮਨਿੰਦਰ ਸਿੰਘ ਲਖਮੀਰਵਾਲਾ ਅਤੇ ਜ਼ਿਲ੍ਹਾ ਪ੍ਰਧਾਨ ਮਾਨਸਾ ਸਰਪੰਚ ਜਸਵਿੰਦਰ ਸਿੰਘ ਰਿਆਉਂ ਦੀ ਪ੍ਰਧਾਨਗੀ ਹੇਠ ਸਥਾਨਕ ਰੈਸਟੋਰੈਂਟ ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਰਪੰਚ ਕਿਸੇ ਵੀ ਪਿੰਡ ਦਾ ਚੁਣਿਆ ਹੋਇਆ ਸਨਮਾਨਿਤ ਨੁਮਾਇੰਦਾ ਹੁੰਦਾ ਹੈ, ਦੀ ਸ਼ਾਨ 'ਤੇ ਹਮਲਾ ਦਰਅਸਲ ਲੋਕਤੰਤਰ 'ਤੇ ਹਮਲਾ ਹੈ। ਗਾਇਕਾਂ ਨੂੰ ਅਜਿਹੇ ਗੀਤਾਂ ਰਾਹੀਂ ਨਫ਼ਰਤ ਫੈਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਮੀਟਿੰਗ ਵਿਚ ਗੁਲਾਬ ਸਿੱਧੂ ਮਾਮਲੇ ਵਿਚ ਸਰਪੰਚਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਹਰ ਬਲਾਕ ਪੱਧਰ 'ਤੇ ਨਿਯਮਿਤ ਮੀਟਿੰਗਾਂ ਕਰਨ, ਡੀ.ਸੀ ਤੇ ਐਸ.ਐਸ.ਪੀ ਨੂੰ ਮੰਗ ਪੱਤਰ ਦੇਣ ਦਾ ਫ਼ੈਸਲਾ ਕੀਤਾ ਗਿਆ। ਇਸ ਮੌਕੇ ਲਵਜੀਤ ਸਿੰਘ ਬੱਬੀ ਹੋਤੀਪੁਰ ਬਲਾਕ ਪ੍ਰਧਾਨ ਮੂਨਕ, ਜਤਿੰਦਰ ਸਿੰਘ ਸਮਾਓ ਬਲਾਕ ਪ੍ਰਧਾਨ ਭੀਖੀ, ਜਗਸੀਰ ਸਿੰਘ ਹੀਰੇਵਾਲਾ ਬਲਾਕ ਪ੍ਰਧਾਨ ਮਾਨਸਾ, ਰਜਿੰਦਰ ਕੁਮਾਰ ਗੋਬਿੰਦਪੁਰਾ ਬਲਾਕ ਪ੍ਰਧਾਨ ਬਡਲਾਡਾ, ਰਜਿੰਦਰ ਸਿੰਘ ਦਸੌਂਦੀਆ ਬਲਾਕ ਪ੍ਰਧਾਨ ਝਨੀਰ, ਬੂਟਾ ਸਿੰਘ ਥਲੇਸਾਂ ਬਲਾਕ ਪ੍ਰਧਾਨ ਸੰਗਰੂਰ, ਬਿਕਰਮਜੀਤ ਸਿੰਘ ਭੱਟੀਵਾਲ ਬਲਾਕ ਪ੍ਰਧਾਨ ਭਵਾਨੀਗੜ੍ਹ, ਸਤਨਾਮ ਸਿੰਘ ਮੇਦੇਵਾਸ ਬਲਾਕ ਪ੍ਰਧਾਨ ਸੁਨਾਮ, ਗੁਰਚਰਨ ਸਿੰਘ ਚੌਵਾਸ ਜਖੇਪਲ ਬਲਾਕ ਪ੍ਰਧਾਨ ਸੁਨਾਮ, ਬਲਜੀਤ ਰਾਜ ਸਿੱਧੂ ਤੂਰਬਨਜਾਰਾ ਬਲਾਕ ਪ੍ਰਧਾਨ ਦਿੜਬਾ, ਹਰਦੀਪ ਸਿੰਘ ਬਲਾਕ ਪ੍ਰਧਾਨ, ਸਕੱਤਰ ਡਾ. ਭੀਮ ਸਿੰਘ ਭੂਕਲ, ਰਮਨਦੀਪ ਸਿੰਘ ਸ਼ਾਹਪੁਰ ਕਲ੍ਹਾਂ ਆਦਿ ਮੌਜੂਦ ਸਨ।


ਸਰਪੰਚ ਯੂਨੀਅਨ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਨੂੰ ਸਨਮਾਨਿਤ ਕਰਦੇ ਹੋਏ ਸਰਪੰਚ ਮਨਿੰਦਰ ਸਿੰਘ ਲਖਮੀਰਵਾਲਾ ਅਤੇ ਹੋਰ। ਤਸਵੀਰ: ਧਾਲੀਵਾਲ


ਸੁਨਾਮ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਰਾਮ ਪਾਲ ਸ਼ਰਮਾ ਆਦਿ। ਤਸਵੀਰ : ਰੁਪਿੰਦਰ ਸਿੰਘ ਸੱਗੂ

# ਭਾਕਿਯੂ ਏਕਤਾ ਮਲਵਈ ਨੇ ਨਹੀਂ ਹੋਣ ਦਿੱਤੀ ਘਰ ਦੀ ਕੁਰਕੀ

## ਕਬਜ਼ਾ ਲੈਣ ਨਹੀਂ ਆਇਆ ਕੋਈ ਬੈਂਕ ਮੁਲਾਜ਼ਮ ਅਤੇ ਪ੍ਰਸ਼ਾਸਨਿਕ ਅਧਿਕਾਰੀ

ਸੁਨਾਮ ਊਧਮ ਸਿੰਘ ਵਾਲਾ, 28 ਅਕਤੂਬਰ (ਰੁਪਿੰਦਰ ਸਿੰਘ ਸੱਗੂ, ਧਾਲੀਵਾਲ, ਭੁੱਲਰ) - ਪਿਛਲੇ ਦਿਨੀਂ ਸਟੇਟ ਬੈਂਕ ਆਫ਼ ਇੰਡੀਆ ਵਲੋਂ ਬਾਬਾ ਪਰਮਾਨੰਦ ਕਲੋਨੀ ਸੁਨਾਮ ਵਿਖੇ ਇੱਕ ਗਰੀਬ ਪਰਿਵਾਰ ਦੇ ਘਰ ਦੀ ਕੁਰਕੀ ਕਰਨ ਦਾ ਨੋਟਿਸ ਜਾਰੀ ਕੀਤਾ ਗਿਆ ਸੀ। ਅੱਜ ਕੁਰਕੀ ਵਾਲੇ ਦਿਨ ਭਾਰਤੀ ਕਿਸਾਨ ਯੂਨੀਅਨ ਏਕਤਾ ਮਲਵਈ ਦੇ ਸੂਬਾ ਰਾਮਪਾਲ ਸ਼ਰਮਾ ਦੀ ਅਗਵਾਈ ਹੇਠ ਸਵੇਰੇ ਤੋਂ ਹੀ ਫ਼ਰੰਟ ਕਬਜ਼ੇ ਵਾਲੇ ਘਰ ਦੇ ਬੂਹੇ ਅੱਗੇ ਕਿਸਾਨਾਂ ਮਜ਼ਦੂਰਾ ਦੇ ਇਕੱਠ ਸਮੇਤ ਧਰਨਾ ਲਾ ਦਿੱਤਾ ਗਿਆ ਸੀ। ਪਰੰਤੂ ਖ਼ਬਰ ਲਿਖੇ ਜਾਣ ਤੱਕ ਕੋਈ ਵੀ ਬੈਂਕ ਅਧਿਕਾਰੀ ਅਤੇ ਪ੍ਰਸ਼ਾਸਨ ਦਾ ਨੁਮਾਇੰਦਾ ਘਰ ਦਾ ਕਬਜ਼ਾ ਲੈਣ ਨਹੀਂ ਪਹੁੰਚਿਆ। ਇਸ ਮੌਕੇ 'ਤੇ ਜਥੇਬੰਦੀ ਦੇ ਆਗੂਆਂ ਵਲੋਂ ਗੱਲਬਾਤ ਕਰਦਿਆਂ ਕਿਹਾ ਕਿ ਮਜਬੂਰੀ ਬੱਸ ਪਰਿਵਾਰ ਨੂੰ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਮਲਵਈ ਕਦੇ ਵੀ ਬੇਘਰ ਨਹੀਂ ਹੋਣ ਦੇਵੇਗੀ। ਸਾਡੀ ਜਥੇਬੰਦੀ ਹਮੇਸ਼ਾ ਗਊ ਗਰੀਬ ਦੀ ਰਾਖੀ ਲਈ ਤਿਆਰ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਜਨਤਾ ਦੇ ਖ਼ੂਨ ਪਸੀਨੇ ਦੀ ਕਮਾਈ ਦਾ ਹਜ਼ਾਰਾ ਕਰੋੜਾ ਰੁਪਏ ਲੈ ਕੇ ਦੇਸ 'ਚੋ ਭਗੌੜੇ ਹੋਏ ਵਿਜੇ ਮਾਲਿਆ, ਮੁਹੇਲ ਚੋਕਸੀ ਅਤੇ ਨੀਰਵ ਮੋਦੀ ਵਰਗੇ ਫਰੋਡੀਆ ਉੱਤੇ ਭਾਰਤ ਸਰਕਾਰ ਕਦੋਂ ਕਾਰਵਾਈ ਕਰੇਗੀ ? ਲੋਕਾਂ ਦਾ ਪੈਸਾ ਕਦੋਂ ਵਾਪਸ ਆਏਗਾ ? ਹਰ ਸਾਲ ਵੱਡੇ - ਵੱਡੇ ਸਰਮਾਏਦਾਰਾਂ ਨੂੰ ਲੱਖਾਂ ਕਰੋੜਾਂ ਰੁਪਏ ਦੇ ਲੋਨ ਅਤੇ ਟੈਕਸ ਮਾਫ਼ ਕੀਤੇ ਜਾਂਦੇ ਹਨ ਪਰੰਤੂ ਇੱਥੇ ਗ਼ਰੀਬ ਕਿਸਾਨਾਂ ਮਜ਼ਦੂਰਾ, ਛੋਟੇ ਦੁਕਾਨਦਾਰਾਂ ਦੇ ਛੋਟੇ ਮੋਟੇ ਰੋਜ਼ਗਾਰ ਚਲਾਉ ਲੋਨ ਦੀਆਂ ਮਜਬੂਰੀ ਬੱਸ ਕਿਸ਼ਤਾਂ ਟੁੱਟ ਜਾਣ ਤੇ ਸਰਕਾਰ ਉਨ੍ਹਾਂ ਦੀਆਂ ਜ਼ਮੀਨਾਂ ਘਰਾਂ ਦੁਕਾਨਾਂ ਦੀ ਕੁਰਕੀ ਕਰਨ ਫ਼ੌਰੀ ਆ ਜਾਂਦੀ ਹੈ। ਇਸ ਦਾ ਮਤਲਬ ਦੇਸ਼ ਅੰਦਰ ਦੋ ਤਰ੍ਹਾਂ ਕਾਨੂੰਨ ਚੱਲ ਰਹੇ ਹਨ। ਗਰੀਬ ਲੋਕਾਂ ਲਈ ਕਾਨੂੰਨ ਹੋਰ ਹਨ ਅਤੇ ਅਮੀਰ ਲੋਕਾਂ ਲਈ ਹੋਰ। ਇਸ ਮੌਕੇ ਸੂਬਾ ਆਗੂ ਧਰਮਿੰਦਰ ਸਿੰਘ ਭਾਈ ਕੀ ਪਿਸ਼ੌਰ, ਬਲਾਕ ਲਹਿਰਾਗਾਗਾ ਦੇ ਆਗੂ ਕੁਲਦੀਪ ਸਿੰਘ ਰਾਮਗੜ੍ਹ ਸੰਧੂਆਂ, ਕਿਸਾਨਾਂ ਮਜ਼ਦੂਰਾਂ ਸਮੇਤ ਇਕਾਈ ਪੀਰ ਪੱਤੀ ਸੁਨਾਮ ਦੇ ਆਗੂ ਬਹਾਦਰ ਸਿੰਘ ਰੁਸ ਅਤੇ ਸਾਥੀ ਹਾਜ਼ਰ ਸਨ।


ਜਾਣਕਾਰੀ ਦਿੰਦੇ ਹੋਏ ਸਹਾਇਕ ਕਮਿਸ਼ਨਰ (ਜ) ਲਵਪ੍ਰੀਤ ਸਿੰਘ ਔਲਖ। ਤਸਵੀਰ: ਮੁਕੇਸ਼ ਕੁਮਾਰ

# ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜੈਅੰਤੀ ਮੌਕੇ ਪੈਦਲ ਮਾਰਚ 31 ਨੂੰ

ਸੰਗਰੂਰ, 28 ਅਕਤੂਬਰ (ਪ. ਪ.) - ਸਹਾਇਕ ਕਮਿਸ਼ਨਰ (ਜ) ਲਵਪ੍ਰੀਤ ਸਿੰਘ ਔਲਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਯੰਤੀ ਮੌਕੇ ਸੰਗਰੂਰ 'ਚ 31 ਅਕਤੂਬਰ ਨੂੰ ਪੈਦਲ ਮਾਰਚ ਕੱਢਿਆ ਜਾਵੇਗਾ, ਜੋ ਨੌਜਵਾਨਾਂ ਨੂੰ ਸਰਦਾਰ ਪਟੇਲ ਦੀ ਏਕਤਾ, ਅਖੰਡਤਾ ਅਤੇ ਵਿਰਾਸਤ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਦੱਸਿਆ ਕਿ ਇਹ ਪੈਦਲ ਯਾਤਰਾ 31 ਅਕਤੂਬਰ ਨੂੰ ਸਵੇਰੇ ਸਾਢੇ ਅੱਠ ਵਜੇ ਡਾਇਟ (ਡਿਸਟ੍ਰਿਕਟ ਇੰਸਟੀਚਿਊਟ ਆਫ਼ ਐਜੂਕੇਸ਼ਨ ਐਂਡ ਟਰੇਨਿੰਗ) ਸੰਗਰੂਰ ਤੋਂ ਸ਼ੁਰੂ ਹੋਵੇਗੀ ਅਤੇ ਡਾ. ਬੀ.ਆਰ. ਅੰਬੇਡਕਰ ਚੌਂਕ ਤੋਂ ਹੁੰਦੇ ਹੋਏ ਸਰਕਾਰੀ ਰਣਬੀਰ ਕਾਲਜ, ਫੁਹਾਰਾਂ ਚੌਂਕ ਰਾਹੀਂ ਡਾਇਟ ਸੰਗਰੂਰ ਵਿਖੇ ਆ ਕਿ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਪੈਦਲ ਯਾਤਰਾ ਵਿੱਚ ਸਕੂਲਾਂ-ਕਾਲਜਾਂ ਦੇ 500 ਦੇ ਕਰੀਬ ਵਿਦਿਆਰਥੀ ਹਿੱਸਾ ਲੈਣਗੇ। ਇਸ ਮੌਕੇ ਜ਼ਿਲ੍ਹਾ ਯੁਵਾ ਅਫ਼ਸਰ ਰਾਹੁਲ ਸੈਣੀ ਨੇ ਦੱਸਿਆ ਕਿ ਇਹ ਪਹਿਲ ਯੁਵਾ ਮਾਮਲਿਆਂ ਦੇ ਮੰਤਰਾਲੇ ਅਧੀਨ "ਮਾਈ ਇੰਡੀਆ" ਦੁਆਰਾ ਨੌਜਵਾਨਾਂ 'ਚ ਰਾਸ਼ਟਰੀ ਏਕਤਾ, ਦੇਸ਼ ਭਗਤੀ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਪੈਦਲ ਯਾਤਰਾ ਦੌਰਾਨ ਨੁੱਕੜ ਨਾਟਕ, ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਸਹੁੰ ਚੁਕਾਈ ਜਾਵੇਗੀ ਅਤੇ ਬੂਟੇ ਵੀ ਲਗਾਏ ਜਾਣਗੇ।

# ਪੰਜਾਬੀ ਯੂਨੀਵਰਸਿਟੀ ਦਾ ਚਾਰ ਰੋਜ਼ਾ ਖੇਤਰੀ ਯੁਵਕ ਮੇਲਾ ਅੱਜ, ਤਿਆਰੀਆਂ ਮੁਕੰਮਲ

ਮਸਤੂਆਣਾ ਸਾਹਿਬ, 28 ਅਕਤੂਬਰ (ਦਮਦਮੀ) - ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵਲੋਂ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਵਿਖੇ ਚਾਰ ਰੋਜ਼ਾ ਖੇਤਰੀ ਯੁਵਕ ਮੇਲਾ 29, 30, 31 ਅਕਤੂਬਰ ਅਤੇ 1 ਨਵੰਬਰ ਨੂੰ ਅਕਾਲ ਕਾਲਜ ਕੌਂਸਲ ਅਧੀਨ ਚੱਲ ਰਹੀਆਂ ਵੱਖ ਵੱਖ ਵਿੱਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਅਤੇ ਅਕਾਲ ਡਿਗਰੀ ਕਾਲਜ ਦੇ ਪ੍ਰਿੰਸੀਪਲ ਡਾਕਟਰ ਅਮਨਦੀਪ ਕੌਰ ਨੇ ਦੱਸਿਆ ਕਿ ਇਸ ਖੇਤਰੀ ਯੁਵਕ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਅੱਜ 29 ਅਕਤੂਬਰ ਨੂੰ ਪਹਿਲੇ ਦਿਨ ਭੰਗੜਾ, ਮਾਈਮ, ਸਕਿੱਟ, ਸਮੂਹ ਸ਼ਬਦ/ਭਜਨ ਗਾਇਨ, ਸ਼ਾਸਤਰੀ ਸੰਗੀਤ ਗਾਇਨ, ਸੁਗਮ ਸੰਗੀਤ, ਸਮੂਹ ਗਾਇਨ, ਪਰਖ ਮੁਕਾਬਲੇ, ਪੰਜਾਬੀ ਲੋਕਧਾਰਾ ਅਤੇ ਸਭਿਆਚਾਰ ਪਰਖ ਮੁਕਾਬਲੇ, ਕਰੋਸ਼ੀਏ ਦੀ ਬੁਣਤੀ, ਨਾਲਾ ਬੁਣਨਾ, ਕਢਾਈ, ਪੱਖੀ ਬਣਾਉਣਾ, ਗੁੱਡੀਆਂ ਪਟੋਲੇ, ਪਰਾਂਦਾ ਬਣਾਉਣਾ, ਰੱਸਾ ਵੱਟਣਾ, ਟੋਕਰੀ ਬਣਾਉਣਾ, ਪੀੜ੍ਹੀ, ਮਿੱਟੀ ਦੇ ਖਿਡਾਉਣੇ, ਗਿੱਦੋ, ਇੰਨੂ ਬਣਾਉਣ ਦੇ ਮੁਕਾਬਲੇ ਹੋਣਗੇ। ਦੂਜੇ ਦਿਨ 30 ਅਕਤੂਬਰ ਨੂੰ ਲੜਕੀਆਂ ਦੀ ਲੁੱਡੀ ਅਤੇ ਲੜਕਿਆਂ ਦਾ ਝੁੰਮਰ, ਪੱਛਮੀ ਸਾਜ, ਗਾਇਨ ਪੰਜਾਬੀ ਲੋਕਧਾਰਾ ਅਤੇ ਸਭਿਆਚਾਰ ਲਘੂ ਫ਼ਿਲਮ, ਪੰਜਾਬੀ ਮੁਹਾਵਰੇਦਾਰ ਵਾਰਤਾਲਾਪ, ਭੰਡ, ਨੁੱਕੜ ਨਾਟਕ, ਰੰਗੋਲੀ, ਕਲੇਅ ਮਾਡਲਿੰਗ, ਚਿੱਤਰਕਾਰੀ, ਮਹਿੰਦੀ, ਫ਼ੋਟੋਗਰਾਫੀ, ਪੋਸਟਰ ਮੇਕਿੰਗ, ਕਾਰਟੂਨਿੰਗ, ਕੁਲਾਜ. ਅਤੇ ਇੰਸਟਾਲੇਸ਼ਨ ਦੇ ਮੁਕਾਬਲੇ ਰੱਖੇ ਗਏ ਹਨ। ਤੀਜੇ ਦਿਨ 31 ਅਕਤੂਬਰ ਨੂੰ ਇਕਾਂਗੀ ਨਾਟਕ, ਮਿਮਿਕਰੀ, ਲੋਕ ਗੀਤ, ਲੋਕ ਸਾਜ, ਫੋਕ ਆਰਕੈਸਟਰਾ, ਵਾਦ ਵਿਵਾਦ, ਭਾਸ਼ਣ ਕਲਾ, ਕਾਵਿ ਉਚਾਰਨ ਦੇ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ ਆਖ਼ਰੀ ਦਿਨ 1 ਨਵੰਬਰ ਨੂੰ ਗਿੱਧਾ, ਰਵਾਇਤੀ ਪਹਿਰਾਵਾ, ਪ੍ਰਦਰਸ਼ਨੀ, ਸ਼ਾਸਤਰੀ ਨ੍ਰਿਤ, ਰਵਾਇਤੀ ਲੋਕ ਗੀਤ (ਲੰਬੀਆਂ ਹੇਕਾਂ ਵਾਲੇ), ਸ਼ਾਸਤਰੀ ਸੰਗੀਤ ਵਾਦਨ, ਕਲੀ ਗਾਇਨ, ਵਾਰ ਗਾਇਨ ਅਤੇ ਕਵਿਸ਼ਰੀ ਦੇ ਮੁਕਾਬਲੇ ਹੋਣਗੇ। ਇਸ ਮੌਕੇ ਕੌਂਸਲ ਦੇ ਸੀਨੀਅਰ ਮੈਂਬਰ ਮਨਜੀਤ ਸਿੰਘ ਬਾਲੀਆਂ, ਡਾਕਟਰ ਗੁਰਵੀਰ ਸਿੰਘ ਸੋਹੀ, ਇੰਜੀ. ਸੁਖਵਿੰਦਰ ਸਿੰਘ ਭੱਠਲ, ਪ੍ਰਿੰਸੀਪਲ ਡਾਕਟਰ ਸੁਖਦੀਪ ਕੌਰ, ਪ੍ਰਿੰਸੀਪਲ ਡਾਕਟਰ ਗੀਤਾ ਠਾਕਰ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਕਾਲਜਾਂ ਦੇ ਸਟਾਫ਼ ਮੈਂਬਰ ਮੌਜੂਦ ਸਨ।


ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੌਂਸਲ ਸਕੱਤਰ ਜਸਵੰਤ ਸਿੰਘ ਖਹਿਰਾ। ਤਸਵੀਰ : ਦਮਦਮੀ


ਰਣਬੀਰ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੇ ਵੱਖ-ਵੱਖ ਦ੍ਰਿਸ਼। ਤਸਵੀਰ: ਮੁਕੇਸ਼ ਕੁਮਾਰ

# ਵਿਜੀਲੈਂਸ ਬਿਊਰੋ ਵਲੋਂ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਹਫ਼ਤਾ ਮਨਾਇਆ

## ਲੋਕਾਂ ਨੂੰ ਰਿਸ਼ਵਤਖ਼ੋਰੀ ਵਿਰੁੱਧ ਕੀਤਾ ਗਿਆ ਜਾਗਰੂਕ

ਸੰਗਰੂਰ, 28 ਅਕਤੂਬਰ (ਦਮਨਜੀਤ ਸਿੰਘ) - ਵਿਜੀਲੈਂਸ ਬਿਊਰੋ ਪਟਿਆਲਾ ਵਲੋਂ 27 ਅਕਤੂਬਰ ਤੋਂ 2 ਨਵੰਬਰ ਤੱਕ ਭ੍ਰਿਸ਼ਟਾਚਾਰ ਵਿਰੋਧੀ ਹਫ਼ਤਾ ਮਨਾਇਆ ਜਾ ਰਿਹਾ ਹੈ ਜਿਸ ਤਹਿਤ ਅੱਜ ਸਥਾਨਕ ਰਣਬੀਰ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿਚ ਡੀ.ਐੱਸ.ਪੀ. ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਹਰਮਿੰਦਰ ਸਿੰਘ ਅਤੇ ਡੀ.ਐੱਸ.ਪੀ. (ਆਰ) ਸੰਗਰੂਰ ਸੁਖਦੇਵ ਸਿੰਘ ਨੇ ਵਿਸ਼ੇਸ਼ ਤੌਰ ਉੱਤੇ ਸ਼ਿਰਕਤ ਕੀਤੀ। ਸਭ ਤੋਂ ਪਹਿਲਾਂ ਵਿਜੀਲੈਂਸ ਦਫ਼ਤਰ ਸੰਗਰੂਰ ਵਿਖੇ ਡੀ.ਐੱਸ.ਪੀ. ਹਰਮਿੰਦਰ ਸਿੰਘ ਦੀ ਅਗਵਾਈ ਵਿਚ ਰਿਸ਼ਵਤਖ਼ੋਰੀ ਵਿਰੁੱਧ ਅਧਿਕਾਰੀਆਂ ਨੂੰ ਸਹੁੰ ਚੁਕਾਈ ਗਈ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਜੀਲੈਂਸ ਬਿਊਰੋ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ/ਕਰਮਚਾਰੀ ਸਰਕਾਰੀ ਕੰਮਕਾਰ ਕਰਨ ਦੇ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ, ਆਪਣੇ ਅਹੁਦੇ ਅਤੇ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਹੈ, ਸਰਕਾਰੀ ਦਸਤਾਵੇਜ਼ਾਂ/ਕੰਮ ਵਿੱਚ ਘਪਲੇਵਾਜੀ ਕਰਦਾ ਹੈ, ਭ੍ਰਿਸ਼ਟਾਚਾਰ ਰਾਹੀਂ ਆਮਦਨ ਤੋਂ ਵੱਧ ਜਾਇਦਾਦ ਬਣਾਉਂਦਾ ਹੈ, ਪ੍ਰਾਈਵੇਟ ਵਿਅਕਤੀ ਸਰਕਾਰੀ ਅਧਿਕਾਰੀ/ਕਰਮਚਾਰੀ ਦੇ ਨਾਮ 'ਤੇ ਕੰਮ ਕਰਵਾਉਣ ਬਦਲੇ ਰਿਸ਼ਵਤ ਮੰਗਦਾ ਹੈ ਤਾਂ ਵਿਜੀਲੈਂਸ ਵਿਭਾਗ ਵਲੋਂ ਜਾਰੀ ਨੰਬਰਾਂ 'ਤੇ ਸੂਚਨਾ ਦਿੱਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਭ੍ਰਿਸ਼ਟਾਚਾਰ ਵਿਰੁੱਧ ਸ਼ਿਕਾਇਤ ਦੇਣ ਲਈ ਵਿਜੀਲੈਂਸ ਬਿਊਰੋ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਆਮ ਲੋਕਾਂ ਨੂੰ ਰਿਸ਼ਵਤਖ਼ੋਰੀ ਮੁਕਤ ਭਾਰਤ ਦੀ ਸਿਰਜਣਾ ਵਿਚ ਅੱਗੇ ਆਉਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਜਾਰੀ ਐਂਟੀ-ਕੁਰੱਪਸ਼ਨ ਐਕਸ਼ਨ ਲਾਈਨ ਅਤੇ ਵਿਜੀਲੈਂਸ ਬਿਊਰੋ ਦੇ ਨੰਬਰ ਦੀ ਵਰਤੋਂ ਕਰਨ 'ਤੇ ਵੀ ਜ਼ੋਰ ਦਿੱਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਸ਼੍ਰੀਮਤੀ ਰੋਹਿਨੀ ਗਰਗ, ਈ.ਟੀ.ਓ. ਸ੍ਰ. ਦਿਲਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# 30 ਨੂੰ ਲੌਂਗੋਵਾਲ ਪੁੱਜੇਗਾ ਅਲੌਕਿਕ ਨਗਰ ਕੀਰਤਨ

ਲੌਂਗੋਵਾਲ, 28 ਅਕਤੂਬਰ (ਵਿਨੋਦ, ਸ. ਖੰਨਾ) - ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ , ਭਾਈ ਸਤੀ ਦਾਸ ਅਤੇ ਭਾਈ ਦਿਆਲਾ ਦੀ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਪੁਰਬ ਨੂੰ ਸਮਰਪਿਤ ਆ ਰਹੀ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵਲੋਂ ਆਸਾਮ ਤੋ ਅਰੰਭ ਹੋਇਆ ਅਲੌਕਿਕ ਨਗਰ ਕੀਰਤਨ 30 ਅਕਤੂਬਰ (ਵੀਰਵਾਰ) ਨੂੰ ਸ਼ਾਮ 4 ਵਜੇ ਲੌਂਗੋਵਾਲ ਪੁੱਜ ਰਿਹਾ ਹੈ। ਗੁਰਦੁਆਰਾ ਯਾਦਗਾਰ ਚੁੱਲ੍ਹੇ ਬਾਬਾ ਆਲਾ ਸਿੰਘ ਲੌਂਗੋਵਾਲ ਦੇ ਮੈਨੇਜਰ ਭਾਈ ਅਮਰੀਕ ਸਿੰਘ ਬਰਨਾਲਾ ਨੇ ਦੱਸਿਆ ਕਿ ਇਸ ਨਗਰ ਕੀਰਤਨ ਦਾ ਲੌਂਗੋਵਾਲ ਪੁੱਜਣ ਤੇ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ ਅਤੇ ਇਹ ਨਗਰ ਕੀਰਤਨ ਸੰਗਰੂਰ, ਉਭਾਵਾਲ, ਨਮੋਲ, ਸ਼ੇਰੋਂ ਅਤੇ ਸ਼ਾਹਪੁਰ ਹੁੰਦਾ ਹੋਇਆ ਸ਼ਾਮ 4 ਵਜੇ ਦੇ ਕਰੀਬ ਲੌਂਗੋਵਾਲ ਪੁੱਜੇਗਾ। ਜਿਸ ਦਾ ਲੌਂਗੋਵਾਲ ਵਿਖੇ ਪਹਿਲਾ ਪੜਾਅ ਗੁਰਦੁਆਰਾ ਭਾਈ ਮਨੀ ਸਿੰਘ ਰੰਧਾਵਾ ਪੱਤੀ ਵਿਖੇ ਹੋਵੇਗਾ। ਇਸ ਤੋਂ ਅੱਗੇ ਮੰਡੇਰਾਂ ਵਾਲਾ ਅੱਡਾ, ਗਊਸ਼ਾਲਾ ਰੋਡ, ਲੋਹਾਖੇੜਾ ਅੱਡਾ, ਸਿੱਧ ਸਮਾਧਾਂ ਅੱਡੇ ਤੋਂ ਗੁਰਮੀਤ ਸਿੰਘ ਲੱਲੀ ਐਮ.ਸੀ ਦੇ ਘਰ ਕੋਲ ਦੀ ਹੁੰਦਾ ਹੋਇਆ ਮੇਨ ਸੜਕ ਤੇ ਚੜ੍ਹੇਗਾ ਜੋ ਅੱਗੇ ਬਡਬਰ ਵੱਲ ਰਵਾਨਾ ਹੋਵੇਗਾ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਵਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਰੈਲੀ

ਸੰਗਰੂਰ, 28 ਅਕਤੂਬਰ (ਚੌਧਰੀ ਨੰਦ ਲਾਲ ਗਾਂਧੀ) - ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਨਾਲ ਸੰਬੰਧਿਤ 09 ਇਕਾਈਆਂ ਦੇ ਪ੍ਰਧਾਨ, ਜਨਰਲ ਸਕੱਤਰ ਅਤੇ ਮੁੱਖ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਜੋ ਕਿ ਬਾਅਦ ਵਿਚ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਈ, ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿਚ ਹੋਈ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿਚ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ, ਭਵਾਨੀਗੜ੍ਹ, ਸੀਨੀਅਰ ਮੀਤ ਪ੍ਰਧਾਨ ਸ੍ਰੀ ਆਰ.ਐਲ. ਪਾਂਧੀ, ਸਕੱਤਰ ਜਨਰਲ ਸੁਖਦੇਵ ਸਿੰਘ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ, ਮੁੱਖ ਸਲਾਹਕਾਰ ਅਤੇ ਸੰਗਰੂਰ ਇਕਾਈ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਧੂਰੀ ਦੇ ਪ੍ਰਧਾਨ ਸੁਖਦੇਵ ਸ਼ਰਮਾ, ਸ਼ੇਰਪੁਰ ਦੇ ਪ੍ਰਧਾਨ ਵੇਦ ਸਿੰਘ ਸਿੱਧੂ, ਭਵਾਨੀਗੜ੍ਹ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ, ਸੁਨਾਮ ਦੇ ਜਨਰਲ ਸਕੱਤਰ ਚੇਤ ਰਾਮ ਢਿੱਲੋਂ, ਲਹਿਰਾਗਾਗਾ ਦੇ ਪ੍ਰਧਾਨ ਜਰਨੈਲ ਸਿੰਘ, ਦਿੜ੍ਹਬਾ ਦੇ ਪ੍ਰਧਾਨ ਦਰਸ਼ਨ ਸਿੰਘ ਰੋਗਲਾ, ਮੂਨਕ ਦੇ ਪ੍ਰਧਾਨ ਮੇਘ ਸਿੰਘ ਆਦਿ ਸ਼ਾਮਿਲ ਸਨ। ਸ੍ਰੀ ਆਰ.ਐਲ.ਪਾਂਧੀ ਵਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਅਣਦੇਖੀ ਕਰ ਰਹੀ ਹੈ। ਜਿਸ ਕਾਰਨ ਪੰਜਾਬ ਦੇ ਸਮੁੱਚੇ ਮੁਲਾਜ਼ਮ ਅਤੇ ਪੈਨਸ਼ਨਰ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ, ਪੈਨਸ਼ਨਰ ਜੁਆਇੰਟ ਫ਼ਰੰਟ ਦੇ ਫੈਸਲੇ ਮੁਤਾਬਿਕ 16 ਨਵੰਬਰ ਨੂੰ ਸੂਬਾ ਪੱਧਰੀ ਵਿਸ਼ਾਲ ਹੱਲਾ ਬੋਲ ਰੈਲੀ ਅਤੇ ਮੁਜਾਹਰਾ ਮੁੱਖ ਮੰਤਰੀ ਪੰਜਾਬ ਦੇ ਹਲਕੇ ਧੂਰੀ ਵਿਖੇ ਕੀਤਾ ਜਾਵੇਗਾ। ਡਾ. ਸ਼ਮਿੰਦਰ ਸਿੰਘ (ਸੁਨਾਮ), ਜਰਨੈਲ ਸਿੰਘ ਸਿੱਧੂ ਭਵਾਨੀਗੜ੍ਹ, ਚਰਨਜੀਤ ਕੈਂਥ ਧੂਰੀ, ਮਦਨ ਲਾਲ ਲਹਿਰਾਗਾਗਾ, ਅਵਿਨਾਸ਼ ਸ਼ਰਮਾ ਸੰਗਰੂਰ, ਹਰਵਿੰਦਰ ਸਿੰਘ ਭੱਠਲ ਸੰਗਰੂਰ, ਚਰਨ ਸਿੰਘ ਚੋਪੜਾ ਭਵਾਨੀਗੜ੍ਹ, ਤੇਜਾ ਸਿੰਘ ਮੂਨਕ, ਜਸਵੀਰ ਸਿੰਘ ਖ਼ਾਲਸਾ, ਸੁਰਿੰਦਰ ਸਿੰਘ ਸੋਢੀ, ਕੰਵਲਜੀਤ ਸਿੰਘ, ਲਾਲ ਚੰਦ ਸੈਣੀ, ਪਰਮਜੀਤ ਸਿੰਘ ਟਿਵਾਣਾ, ਤਿਲਕ ਰਾਜ ਸਤੀਜਾ ਅਤੇ ਜ਼ਿਲ੍ਹਾ ਸੰਗਰੂਰ ਦੀਆਂ ਇਕਾਈਆਂ ਦੇ ਪ੍ਰਧਾਨ ਸਹਿਬਾਨ ਵਲੋਂ ਆਪਣੇ ਸੰਬੋਧਨ ਵਿਚ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰ ਮਾਰੂ ਨੀਤੀ ਦੀ ਨਿਖੇਧੀ ਕੀਤੀ ਗਈ ਅਤੇ ਰੋਸ ਅਤੇ ਰੋਹ ਭਰੇ ਲਹਿਜ਼ੇ ਵਿਚ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਕਿਸੇ ਵੀ ਮੁੱਦੇ ਪ੍ਰਤੀ ਗੰਭੀਰ ਨਹੀਂ ਹੈ। ਇਸ ਮੌਕੇ ਤਹਿਸੀਲ ਕੰਪਲੈਕਸ ਵਿਖੇ ਵਿਸ਼ਾਲ ਰੋਸ ਰੈਲੀ ਅਤੇ ਰੋਸ ਮਾਰਚ ਕੱਢਿਆ ਗਿਆ, ਜਿਸ ਵਿਚ ਪੈਨਸ਼ਨਰਾਂ ਵਲੋਂ ਸਰਕਾਰ ਵਿਰੁੱਧ ਆਪਣਾ ਗੁੱਸਾ ਜ਼ਾਹਿਰ ਕਰਦੇ ਹੋਏ ਨਾਅਰੇਬਾਜ਼ੀ ਕੀਤੀ ਗਈ ਅਤੇ 16 ਨਵੰਬਰ ਨੂੰ ਧੂਰੀ ਚੱਲੋ ਦੇ ਨਾਅਰੇ ਲਗਾਏ ਗਏ।


ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਵਲੋਂ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਅਹਿਮ ਮੀਟਿੰਗ ਦੇ ਦ੍ਰਿਸ਼। ਤਸਵੀਰ: ਮੁਕੇਸ਼ ਕੁਮਾਰ


ਪਿੰਡ ਕੰਮੋਮਾਜਰਾ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਨਵੀਂ ਇਕਾਈ ਦੀ ਚੋਣ ਕਰਦੇ ਹੋਏ। ਤਸਵੀਰ: ਮੁਕੇਸ਼ ਕੁਮਾਰ

# ਨਵੀਂ ਕਿਸਾਨ ਇਕਾਈ ਦੀ ਚੋਣ

ਸੰਗਰੂਰ, 28 ਅਕਤੂਬਰ (ਬਿੱਟਾ) - ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂ ਗੋਬਿੰਦਰ ਸਿੰਘ ਮੰਗਵਾਲ, ਰਾਜਪਾਲ ਸਿੰਘ ਮੰਗਵਾਲ, ਬਾਰਾ ਸਿੰਘ ਮੰਗਵਾਲ, ਗੋਬਿੰਦਰ ਸਿੰਘ ਬਡਰੁੱਖਾਂ, ਲਾਭ ਸਿੰਘ ਖੁਰਾਣਾ ਦੀ ਦੇਖਰੇਖ ਹੇਠ ਪਿੰਡਾ ਕੰਮੋਮਾਜਰਾ ਖ਼ੁਰਦ ਦੀ ਇਕਾਈ ਦੀ ਚੋਣ ਕੀਤੀ ਗਈ। ਚੋਣ ਦੇ ਅੰਤਰਗਤ ਗੁਰਦੀਪ ਸਿੰਘ ਕੰਮੋਮਾਜਰਾ ਪ੍ਰਧਾਨ, ਜਨਰਲ ਸਕੱਤਰ ਹਰਦਿਆਲ ਚੀਮਾ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ, ਖ਼ਜ਼ਾਨਚੀ ਗੁਰਪ੍ਰੀਤ ਸਿੰਘ, ਸਹਾਇਕ ਖ਼ਜ਼ਾਨਚੀ ਬਲਵਿੰਦਰ ਸਿੰਘ, ਮੀਤ ਪ੍ਰਧਾਨ ਸਾਦਾ ਸਿੰਘ, ਚਰਨਜੀਤ ਸਿੰਘ, ਅਮਰਜੀਤ ਸਿੰਘ, ਸਲਾਹਕਾਰ ਪ੍ਰਤਾਪ ਸਿੰਘ, ਸਹਾਇਕ ਸਕੱਤਰ ਹਰਜੀਤ ਸਿੰਘ, ਅਮਨਦੀਪ ਸਿੰਘ ਪ੍ਰੈੱਸ ਸਕੱਤਰ ਨੂੰ ਸਕੱਤਰ ਜਸਪਾਲ ਸਿੰਘ ਦੀ ਸਹਿਮਤੀ ਅਨੁਸਾਰ ਚੁਣਿਆ ਗਿਆ। ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਉੱਤੇ ਕਿਸਾਨ ਮਾਰੂ ਨੀਤੀਆਂ ਲਾਗੂ ਕਰ ਕੇ ਜ਼ਮੀਨਾਂ ਖੋਹਣ ਦੀ ਤਾਂਘ ਵਿਚ ਹੈ ਕਿਉਂਕਿ ਸਰਕਾਰ ਝੋਨੇ ਦੇ ਹਰ ਸੀਜ਼ਨ ਉੱਤੇ ਪਰਾਲੀ ਨੂੰ ਮੁੱਦਾ ਬਣਾ ਕੇ ਕਿਸਾਨਾਂ ਉੱਤੇ ਪ੍ਰਦੂਸ਼ਣ ਦੇ ਦੋਸ਼ ਲਗਾ ਕੇ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਾਹਿਰਾਂ ਅਨੁਸਾਰ ਪਰਾਲੀ ਦਾ ਪ੍ਰਦੂਸ਼ਣ ਕੇਵਲ 8 ਫ਼ੀਸਦੀ ਹੈ ਪਰ ਸਰਕਾਰ ਨੂੰ 92 ਫ਼ੀਸਦੀ ਪ੍ਰਦੂਸ਼ਣ ਦਿਖਾਈ ਨਹੀਂ ਦੇ ਰਿਹਾ ਹੈ। ਅਸਲੀਅਤ ਇਹ ਹੈ ਕਿ ਸਰਕਾਰ ਕਿਸਾਨਾਂ ਤੋਂ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਚਾਹੁੰਦੀ ਹੈ ਪਰ ਕਿਸਾਨ ਅਜਿਹਾ ਨਹੀਂ ਹੋਣ ਦੇਣਗੇ। ਆਗੂਆਂ ਨੇ ਕਿਹਾ ਕਿ ਕਿਸਾਨ ਹਰ ਫ਼ਰੰਟ ਉੱਤੇ ਲੜਾਈ ਲੜ ਕੇ ਸਰਕਾਰ ਦੀ ਇਨ੍ਹਾਂ ਨੀਤੀਆਂ ਨੂੰ ਕਾਮਯਾਬ ਨਹੀਂ ਹੋਣ ਦੇਣਗੇ।



ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੂਬਾਈ ਆਗੂ ਮਨਪ੍ਰੀਤ ਸਿੰਘ ਮਾਨਸਾ, ਗੁਰ ਸੰਗਤ ਸਿੰਘ ਬਲਾਡਾ ਅਤੇ ਹੋਰ ਆਗੂ। ਤਸਵੀਰ: ਪਵਿੱਤਰ ਸਿੰਘ

# ਦੋ ਨਵੰਬਰ ਨੂੰ ਤਰਨ ਤਾਰਨ 'ਚ ਸਰਕਾਰ ਦਾ ਵਿਰੋਧ ਕਰਨਗੇ ਈ.ਟੀ.ਟੀ. 2364 ਬੇਰੁਜ਼ਗਾਰ ਅਧਿਆਪਕ

## ਦੂਸਰੀ ਸੂਚੀ ਜਲਦ ਜਾਰੀ ਨਾ ਕੀਤੀ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ - ਮਾਨਸਾ

ਅਮਰਗੜ੍ਹ, 28 ਅਕਤੂਬਰ (ਪਵਿੱਤਰ ਸਿੰਘ, ਜਤਿੰਦਰ ਮੰਨਵੀ) - ਈ.ਟੀ.ਟੀ. 2364 ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾਈ ਆਗੂ ਮਨਪ੍ਰੀਤ ਸਿੰਘ ਮਾਨਸਾ ਦੀ ਅਗਵਾਈ 'ਚ ਸਥਾਨਕ ਪਾਰਕ ਵਿਖੇ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਰਿੰਦਰ ਸਰਹਿੰਦ ਨੇ ਦੱਸਿਆ ਕਿ ਤਰਨਤਾਰਨ ਵਿਖੇ ਹੋ ਰਹੀ ਜ਼ਿਮਨੀ ਚੋਣ ਵਿਚ ਪੰਜਾਬ ਸਰਕਾਰ ਦੇ ਵਿਰੁੱਧ ਯੂਨੀਅਨ ਵਲੋਂ ਪ੍ਰਚਾਰ ਕੀਤਾ ਜਾਵੇਗਾ ਅਤੇ ਆਪ ਸਰਕਾਰ ਦੀ ਵਾਅਦਾ ਖ਼ਿਲਾਫ਼ੀ ਦੀ ਪੋਲ ਖੋਲ੍ਹੀ ਜਾਵੇਗੀ। ਸੂਬਾਈ ਆਗੂ ਮਨਪ੍ਰੀਤ ਸਿੰਘ ਮਾਨਸਾ ਨੇ ਦਸਿਆ ਕਿ 2364 ਭਰਤੀ ਦੀ ਪਹਿਲੀ ਲਿਸਟ ਵਾਲੇ ਉਮੀਦਵਾਰਾਂ ਨੂੰ ਜੁਆਇਨ ਕੀਤਿਆ ਛੇ ਸੱਤ ਮਹੀਨਿਆਂ ਤੋਂ ਵੱਧ ਦਾ ਸਮਾਂ ਬੀਤ ਜਾਣ ਤੇ ਵੀ ਸਰਕਾਰ ਇਸ ਭਰਤੀ ਵਿਚ ਨੋਟ ਜੋਇਨਿੰਗ ਰਹੇ ਲਗ-ਪਗ 1600 ਉਮੀਦਵਾਰਾਂ ਦੀ ਅਸੀਂ ਜਾਰੀ ਕਰਨ ਵਿਚ ਆਨਾਕਾਨੀ ਕਰ ਰਹੀ ਹੈ ਤੇ ਨਾ ਹੀ ਵੱਖ-ਵੱਖ ਕੈਟਾਗਰੀ ਦੀਆਂ ਖਾਲੀ ਰਹਿੰਦੀਆਂ ਪੋਸਟਾਂ ਨੂੰ ਡੀ ਰਿਜ਼ਰਵ ਕਰ ਰਹੀ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ 264 ਬੇਰੁਜ਼ਗਾਰ ਈ.ਟੀ.ਟੀ. ਅਧਿਆਪਕਾਂ ਦੀ ਦੂਜੀ ਸੂਚੀ ਜਲਦ ਜਾਰੀ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਗੁਰਸੰਗਤ ਬੁਢਲਾਡਾ, ਅੰਮ੍ਰਿਤਪਾਲ ਧੂਰੀ, ਗਗਨ ਖੰਨਾ, ਕਿਰਨ ਨਾਭਾ, ਜਸਵਿੰਦਰ ਮਾਛੀਵਾੜਾ, ਹਰਮਨ ਲੁਧਿਆਣਾ, ਸਰਬਜੋਤ ਹੁਸ਼ਿਆਰਪੁਰ,ਮਨਜੀਤ ਕੌਰ ਅਤੇ ਸੋਨੀਆ ਆਦਿ ਹਾਜ਼ਰ ਸਨ।

# 'ਆਪ' ਨੇ ਬਰਨਾਲਾ ਨੂੰ ਨਗਰ ਨਿਗਮ ਬਣਾ ਕੇ ਸੰਗਰੂਰ ਵਾਸੀਆਂ ਨਾਲ ਕੀਤਾ ਵੱਡਾ ਵਿਸ਼ਵਾਸਘਾਤ - ਅਰਵਿੰਦ ਖੰਨਾ

ਸੰਗਰੂਰ, 28 ਅਕਤੂਬਰ (ਦਮਨਜੀਤ ਸਿੰਘ) - ਪੰਜਾਬ ਸਰਕਾਰ ਦੀ ਕੈਬਨਿਟ ਵਲੋਂ ਅੱਜ ਗੁਆਂਢੀ ਸ਼ਹਿਰ ਬਰਨਾਲਾ ਦੀ ਨਗਰ ਕੌਂਸਲ ਨੂੰ ਨਗਰ ਨਿਗਮ ਵਿਚ ਤਬਦੀਲ ਕੀਤੇ ਜਾਣ ਦੇ ਲਏ ਗਏ ਫ਼ੈਸਲੇ ਉੱਤੇ ਆਪਣਾ ਤਿੱਖਾ ਪ੍ਰਤੀਕਰਮ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਰਵਿੰਦ ਖੰਨਾ ਨੇ ਕਿਹਾ ਹੈ ਕਿ ਸੰਗਰੂਰ ਦੀ ਥਾਂ ਬਰਨਾਲਾ ਨੂੰ ਨਗਰ ਨਿਗਮ ਬਣਾ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇ ਸੰਗਰੂਰ ਵਾਸੀਆਂ ਨਾਲ ਵੱਡਾ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾਂ ਕਿਹਾ ਕਿ 5 ਵਿਧਾਨ ਸਭਾ ਹਲਕਿਆਂ ਵਾਲੇ ਜ਼ਿਲ੍ਹਾ ਸੰਗਰੂਰ ਦੇ ਧੂਰੀ ਤੋਂ ਮੁੱਖ ਮੰਤਰੀ ਭਗਵੰਤ ਮਾਨ, ਦਿੜਬਾ ਤੋਂ ਪੰਜਾਬ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਸੁਨਾਮ ਤੋਂ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ, ਲਹਿਰਾਗਾਗਾ ਤੋਂ ਕੈਬਨਿਟ ਮੰਤਰੀ ਬਰਿੰਦਰ ਗੋਇਲ ਅਤੇ ਸੰਗਰੂਰ ਤੋਂ ਖ਼ੁਦ ਨੂੰ ਮੁੱਖ ਮੰਤਰੀ ਅਤੇ ਉਨ੍ਹਾਂ ਦੇ ਪਰਿਵਾਰ ਦੇ ਅਤਿ ਨਜ਼ਦੀਕੀ ਦੱਸਣ ਵਾਲੀ ਵਿਧਾਇਕ ਨਰਿੰਦਰ ਕੌਰ ਭਰਾਜ ਦੀ ਨੁਮਾਇੰਦਗੀ ਹੋਣ ਦੇ ਬਾਵਜੂਦ ਸ਼ਹਿਰ ਸੰਗਰੂਰ ਨਾਲ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਇਹ ਵਿਤਕਰਾ ਕਿਸੇ ਵੀ ਪੱਧਰ ਉੱਤੇ ਬਰਦਾਸ਼ਤਯੋਗ ਨਹੀਂ ਹੈ। ਅਰਵਿੰਦ ਖੰਨਾ ਨੇ ਕਿਹਾ ਕਿ ਨਗਰ ਨਿਗਮ ਬਣਨ ਲਈ ਲੋੜੀਂਦੇ ਹਰ ਸਰਕਾਰੀ ਪੈਮਾਨੇ ਵਿਚ ਸ਼ਹਿਰ ਸੰਗਰੂਰ ਖਰਾ ਉੱਤਰਦਾ ਹੈ ਪਰ ਫਿਰ ਵੀ ਇਸ ਦੀ ਕੀਤੀ ਗਈ ਅਣਦੇਖੀ ਸੰਗਰੂਰ ਵਾਸੀਆਂ ਲਈ ਬਹੁਤ ਵੱਡਾ ਧੱਕਾ ਹੈ। ਉਨ੍ਹਾਂ ਕਿਹਾ ਕਿ ਬਰਨਾਲਾ ਨੂੰ ਨਗਰ ਨਿਗਮ ਬਣਨ ਦਾ ਮਾਣ ਮਿਲਣਾ ਚੰਗੀ ਗੱਲ ਹੈ ਪਰ ਸੰਗਰੂਰ ਦਾ ਖੋਹਿਆ ਗਿਆ ਹੱਕ ਮਾੜੀ ਗੱਲ ਹੈ ਕਿਉਂਕਿ ਬਰਨਾਲਾ ਕੁਝ ਸਾਲ ਪਹਿਲਾਂ ਹੀ ਸੰਗਰੂਰ ਤੋਂ ਵੱਖ ਹੋ ਕੇ ਨਵਾਂ ਜ਼ਿਲ੍ਹਾ ਬਣਿਆ ਹੈ। ਅਰਵਿੰਦ ਖੰਨਾ ਨੇ ਕਿਹਾ ਕਿ ਆਉਂਦੀਆਂ ਵਿਧਾਨ ਸਭਾ ਚੋਣਾ ਨਾਲ ਪੰਜਾਬ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਅਤੇ ਭਾਜਪਾ ਦੇ ਸੱਤਾ ਵਿਚ ਆਉਂਦਿਆਂ ਸਾਰ ਹੀ ਸੰਗਰੂਰ ਨੂੰ ਨਗਰ ਨਿਗਮ ਬਣਵਾਉਣ ਦਾ ਬੀੜਾ ਉਹ ਖ਼ੁਦ ਚੁੱਕਣਗੇ।



# ਛੱਠ ਤਿਉਹਾਰ ਮਨਾਇਆ

ਧੂਰੀ, 28 ਅਕਤੂਬਰ (ਭੁੱਲਰ, ਧਾਂਦਰਾ) - ਧੂਰੀ ਸ਼ਹਿਰ ਦੇ ਵੱਖੋ-ਵੱਖ ਥਾਵਾਂ 'ਤੇ ਛੱਠ ਤਿਉਹਾਰ ਦੀ ਪੂਜਾ ਕੀਤੀ ਗਈ। ਜਿਸ ਤੇ ਛੱਠ ਤਿਉਹਾਰ ਸਮੇਂ ਸ੍ਰੀ ਛੱਠ ਮਾਤਾ ਦੀ ਪੂਜਾ ਅਤੇ ਸੂਰਜ ਦੇਵਤਾ ਦੀ ਪੂਜਾ ਕਰਦਿਆਂ ਇੱਕ ਦੂਸਰੇ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਛੱਠ ਤਿਉਹਾਰ ਸਮੇਂ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ੍ਰੀ ਸ਼ੁਭਮ ਸ਼ਰਮਾ ਧੂਰੀ, ਧਰਮਸ਼ਾਲਾ ਬਾਂਸਲ, ਗੁਰਚਰਨ ਸਿੰਘ, ਲਾਲਧਾਰੀ ਸ਼ਾਹ, ਰਣਜੀਤ ਵਰਮਾ, ਵਿਨੋਦ ਕੁਮਾਰ, ਮੁਨਾ ਭਗਤ ਧੂਰੀ, ਰਾਧੇ ਸ਼ਿਆਮ, ਨਤੀਸ਼ ਸ਼ਰਮਾ, ਸ਼ੇਰ ਪ੍ਰਸ਼ਾਦ, ਅਮਿਤ ਵਰਮਾ, ਰਜਿੰਦਰ ਕਾਕਾ, ਜਤਿੰਦਰ ਕਾਕਾ, ਹੈਪੀ ਗਰਗ, ਲੱਖਾ ਸਾਬਕਾ ਸਰਪੰਚ ਆਦਿ ਨੇ ਵੀ ਪਾਵਨ ਛੱਠ ਤਿਉਹਾਰ ਮਨਾਇਆ।


ਛੱਠ ਤਿਉਹਾਰ ਮੌਕੇ ਪੂਜਾ ਕਰਦੇ ਯੂਥ ਕਾਂਗਰਸੀ ਆਗੂ ਸ੍ਰੀ ਸ਼ੁਭਮ ਸ਼ਰਮਾ ਅਤੇ ਸ਼ਹਿਰ ਵਾਸੀ। ਤਸਵੀਰ: ਸੁਖਵੰਤ ਸਿੰਘ ਭੁੱਲਰ